**I/89164/202**

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਪੰਜਾਬ ਅਚੀਵਮੈਂਟ ਸਰਵੇ (ਪੀ ਏ ਐਸ) ਦੇ ਨਤੀਜਿਆਂ ਦੇ ਵਿਸ਼ਲੇਸ਼ਣ ਲਈ ਬਲਾਕ ਪੱਧਰੀ ਆਨਲਾਈਨ ਮੀਟਿੰਗਾਂ ਜਾਰੀ**

**ਫਾਜ਼ਿਲਕਾ, 13 ਅਕਤੂਬਰ**

ਸਿੱਖਿਆ ਮੰਤਰੀ ਸ਼੍ਰੀ ਵਿਜੈ ਇੰਦਰ ਸਿੰਗਲਾ ਦੀ ਰਹਿਨੁਮਾਈ ਅਤੇ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਸ਼੍ਰੀ ਕ੍ਰਿਸ਼ਨ ਕੁਮਾਰ ਦੀ ਯੋਗ ਅਗਵਾਈ ਵਿੱਚ ਪਿਛਲੇ ਦਿਨੀਂ ਲਈ ਗਈ ਪੰਜਾਬ ਅਚੀਵਮੈਂਟ ਸਰਵੇ (ਪੀ ਏ ਐਸ) ਦੀ ਪ੍ਰੀਖਿਆ ਦੇ ਨਤੀਜਿਆ ਦੇ ਵਿਸ਼ਲੇਸ਼ਣ ਲਈ ਵੱਖ ਵੱਖ ਬਲਾਕਾ ਦੀਆ ਬਲਾਕ ਪੱਧਰੀ ਮੀਟਿੰਗਾ ਕੀਤੀਆਂ ਜਾ ਰਹੀਆਂ, ਜਿਹਨਾਂ ਦੀ ਮੋਨੀਟਰਿੰਗ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸਿੱਖਿਆ ਡਾ. ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਵੱਲੋ ਕੀਤੀ ਜਾ ਰਹੀ ਹੈ।

ਜਿਲ੍ਹੇ ਦੇ ਸਮੂਹ ਬਲਾਕਾ ਵਿੱਚ ਇਹਨਾ ਮੀਟਿੰਗਾ ਦੌਰਾਨ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸਾਹਿਬਾਨ ਵਲੋ ਆਪਣੇ ਬਲਾਕ ਦੇ ਸਮੂਹ ਬੀਐਮਟੀ, ਸੀ ਐਚ ਟੀ, ਸੀਐਮ ਟੀ ਅਤੇ ਅਧਿਆਪਕਾਂ ਨਾਲ ਹਰ ਕਲੱਸਟਰ, ਹਰ ਸਕੂਲ, ਹਰ ਜਮਾਤ ਦਾ ਵਿਸ਼ੇਵਾਰ ਵਿਸ਼ਲੇਸ਼ਣ ਕਰਕੇ ਕਮਜੋਰ ਪੱਖਾ ਦੀ ਨਿਸ਼ਾਨਦੇਹੀ ਕਰਕੇ ਸੁਧਾਰ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।ਜਿਲ੍ਹਾ ਸਿੱਖਿਆ ਅਧਿਕਾਰੀ  ਵੱਲੋ ਇਹਨਾ ਮੀਟਿੰਗਾ ਵਿੱਚ ਇਸ ਪੀ ਏ ਐਸ ਵਿੱਚ ਜਿਲ੍ਹੇ ਦੀ ਚੰਗੀ ਭਾਗੀਦਾਰ ਲਈ ਸੱਭ ਦਾ ਧੰਨਵਾਦ ਕੀਤਾ ਜਾ ਰਿਹਾਂ ਹੈ ਅਤੇ ਆਉਣ ਵਾਲੇ ਟੈਸਟ ਦੀ ਲਈ ਬੱਚਿਆਂ ਦੀ ਆਨਲਾਈਨ ਤਿਆਰੀ ਲਈ ਉਤਸਾਹਿਤ ਕੀਤਾ ਜਾ ਰਿਹਾ ਹੈ।ਇਹਨਾਂ ਮੀਟਿੰਗਾਂ ਵਿੱਚ ਸਟੇਟ ਕਮੇਟੀ ਮੈਬਰ ਲਵਜੀਤ ਸਿੰਘ ਗਰੇਵਾਲ, ਜਿਲ੍ਹਾ ਕੋਆਰਡੀਨੇਟਰ ਪੜ੍ਹੋ ਪੰਜਾਬ ਪੜ੍ਹਾਓ ਪੰਜਾਬ ਰਜਿੰਦਰ ਕੁਮਾਰ, ਜਿਲ੍ਹਾ ਸਹਾਇਕ ਕੋਆਰਡੀਨੇਟਰ ਗੋਪਾਲ ਕ੍ਰਿਸ਼ਨ ਵੱਲੋ ਵੀ ਭੂਮਿਕਾ ਨਿਭਾਈ ਜਾ ਰਹੀ ਹੈ।

ਉਕਤ ਮੀਟਿੰਗਾ ਨੂੰ ਸੁਚਾਰੂ ਰੂਪ ਨਾਲ ਚਲਾਉਣ ਲਈ ਬੀਪੀਓਮ ਮੈਡਮ ਸੁਨੀਤਾ ਕੁਮਾਰੀ, ਬੀਪੀਈਓ ਸਤੀਸ਼ ਮਿਗਲਾਨੀ, ਬੀਪੀਈਓ ਅਜੇ ਛਾਬੜਾ, ਬੀਪੀਈਓ ਜਸਪਾਲ ਸਿੰਘ ਦੇ ਨਾਲ ਬੀਐਮਟੀ ਵਰਿੰਦਰ ਕੁੱਕੜ ਬੀਐਮਟੀ ਅਸ਼ਵਨੀ ਖੁੰਗਰ ਬੀਐਮਟੀ ਸੰਜੇ ਪੂਨੀਆ, ਬੀਐਮਟੀ ਸੰਜੇ ਬਲਿਆਨ, ਬੀਐਮਟੀ ਸੁਰਿੰਦਰ ਕੰਬੋਜ, ਬੀਐਮਟੀ ਤਰਵਿੰਦਰ ਸਿੰਘ, ਬੀਐਮਟੀ ਸੰਦੀਪ ਕਾਲੜਾ, ਬੀਐਮਟੀ ਰਮਨ ਸਿੰਘ, ਜਿਲ੍ਹਾ ਸ਼ੋਸ਼ਲ ਮੀਡੀਆ ਕੋਆਰਡੀਨੇਟਰ ਸੰਦੀਪ ਗੁੰਬਰ, ਜਿਲ੍ਹਾ ਮੀਡੀਆ ਕੋਆਰਡੀਨੇਟਰ ਇਨਕਲਾਬ ਗਿੱਲ ਅਤੇ ਸਮੂਹ ਬਲਾਕ ਅਤੇ ਕਲੱਸਟਰ ਨੋਡਲ ਇੰਚਾਰਜ ਵੱਲੋ ਆਪਣੀ ਜਿੰਮੇਵਾਰੀ ਬਾਖੂਬੀ ਨਿਭਾਈ ਜਾ ਰਹੀ ਹੈ।



**I/89343/2020**

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਪੰਜਾਬ ਅਚੀਵਮੈਂਟ ਸਰਵੇਅ ਨੂੰ ਲੈ ਕੇ ਹਿੰਦੀ ਵਿਸ਼ੇ ਦੇ ਅਧਿਆਪਕਾਂ ਨਾਲ ਕੀਤੀ ਗਈ ਆਨਲਾਈਨ ਮੀਟਿੰਗ**

**ਹਰ ਵਿਸ਼ੇ ਦੀ ਲਈ ਜਾ ਰਹੀ ਹੈ ਰੋਜ਼ਾਨਾ ਫੀਡਬੈਕ: ਡਾ ਸਿੱਧੂ**

**ਫਾਜ਼ਿਲਕਾ, 13 ਅਕਤੂਬਰ**

ਨੈਸ਼ਨਲ ਅਚੀਵਮੈਂਟ ਸਰਵੇਅ ਵਿੱਚ ਚੰਗੀ ਕਾਰਗੁਜ਼ਾਰੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਦੇ ਸਕੱਤਰ ਸ੍ਰੀ ਕ੍ਰਿਸ਼ਨ ਕੁੁਮਾਰ ਦੀ ਯੋਗ ਅਗਵਾਈ ਵਿੱਚ ਸ਼ੁਰੂ ਕੀਤੇ ਗਏ ਪੰਜਾਬ ਅਚੀਵਮੈਂਟ ਸਰਵੇ ਤਹਿਤ ਹਰ ਵਿਸ਼ੇ ਦੀ ਰੋਜ਼ਾਨਾ ਪ੍ਰਗਤੀ ਅਤੇ ਫੀਡ ਬੈਕ ਸਬੰਧੀ ਸਕੂਲ ਮੁਖੀਆਂ ਅਤੇ ਅਧਿਆਪਕਾਂ ਨਾਲ ਰਾਬਤਾ ਕਾਇਮ ਕਰਨ ਦਾ ਸਿਲਸਿਲਾ ਨਿਰੰਤਰ ਜਾਰੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸੈਕੰਡਰੀ ਸਿੱਖਿਆ ਅਧਿਕਾਰੀ ਡਾ. ਤ੍ਰਿਲੋਚਨ ਸਿੰਘ ਸਿੱਧੂ ਨੇ ਦੱਸਿਆ ਕਿ ਵਿਸ਼ੇਵਾਰ ਆਨਲਾਈਨ ਮੀਟਿੰਗਾਂ ਦੀ ਲੜੀ ਵਿੱਚ ਅੱਜ ਹਿੰਦੀ ਵਿਸ਼ੇ ਦੀ ਅਗਲੇਰੀ ਜਾਣਕਾਰੀ, ਪਲਾਨਿੰਗ ਅਤੇ ਫੀਡਬੈਕ ਸਬੰਧੀ ਜ਼ਿਲ੍ਹੇ ਦੇ ਅਧਿਆਪਕਾਂ ਨਾਲ ਆਨਲਾਈਨ ਮੀਟਿੰਗ ਕੀਤੀ ਗਈ।

ਇਸ ਮੀਟਿੰਗ ਵਿੱਚ ਹਿੰਦੀ ਵਿਸ਼ੇ ਦੇ ਜ਼ਿਲ੍ਹਾ ਡੀ ਐਮ ਨਰੇਸ਼ ਕੁਮਾਰ ਨੇ ਵਿਸ਼ੇ ਦੀ ਅਗਲੀ ਪਲਾਨਿੰਗ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਹੋਰ ਜਾਣਕਾਰੀ ਦਿੰਦੇ ਹੋਏ ਡਾ ਸਿੱਧੂ ਨੇ ਦੱਸਿਆ ਕਿ ਇਹ ਮੀਟਿੰਗ ਵੱਖ ਵੱਖ ਅੰਤਰਾਲ ਤੇ ਅਧਿਆਪਕਾਂ ਨੂੰ ਚਾਰ ਗਰੁੱਪਾਂ ਵਿੱਚ ਵੰਡ ਕੇ ਕੀਤੀ ਗਈ।ਇਸ ਦੌਰਾਨ ਪੰਜਾਬ ਅਚੀਵਮੈਂਟ ਸਰਵੇਅ ਦੇ ਮੁੁਲਾਂਕਣ ਸਬੰਧੀ ਡਾਟੇ ਦਾ ਅਧਿਐਨ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਨੈਸ਼ਨਲ ਟੈਲੈਂਟ ਸਰਚ ਪ੍ਰੀਖਿਆ ਦੇ ਪੇਪਰ ਸਬੰਧੀ ਅਧਿਆਪਕਾਂ ਨੂੰ ਉਤਸ਼ਾਹਿਤ ਵੀ ਕੀਤਾ ਗਿਆ।

**I/89261/2020**

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਵਿਧਾਇਕ  ਨੇ 5 ਲੱਖ ਦੀ ਲਾਗਤ ਨਾਲ ਪਿੰਡ ਨਵਾਂ ਰਾਣਾ ਵਿਖੇ ਬਣੇ ਕਮਿਉਨਿਟੀ ਹਾਲ ਦਾ ਕੀਤਾ ਉਦਘਾਟਨ**

**ਫਾਜ਼ਿਲਕਾ, 13 ਅਕਤੂਬਰ**

ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕੰਮਾਂ ਦੀ ਲੜੀ ਤਹਿਤ ਅੱਜ ਵਿਧਾਇਕ ਫਾਜ਼ਿਲਕਾ ਸ. ਦਵਿੰਦਰ ਸਿੰਘ ਘੁਬਾਇਆ ਨੇ ਜ਼ਿਲ੍ਹੇ ਦੇ ਪਿੰਡ ਨਵਾਂ ਰਾਣਾ ਵਿਖੇ ਕਮਿਉਨਿਟੀ ਹਾਲ ਦਾ ਉਦਘਾਟਨ ਕੀਤਾ। ਉਨ੍ਹਾਂ ਦੱਸਿਆ ਕਿ ਇਸ ਹਾਲ ਨੂੰ ਬਣਾਉਣ ਦੀ ਲਾਗਤ ਲਗਪਗ 5 ਲੱਖ ਰੁਪਏ ਆਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਦੇ ਕੰਮਾਂ ਨੂੰ ਕਰਨ ਵਿਚ ਪੂਰੀ ਤਰ੍ਹਾਂ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾਂ ਦਾ ਗਰੀਬ ਲੋਕਾਂ ਤੱਕ

ਲਾਹਾ ਪਹੁੰਚਾਉਣਾ ਉਨ੍ਹਾਂ ਦਾ ਮੁੱਢਲਾ ਫਰਜ ਹੈ।

ਫਾਜ਼ਿਲਕਾ ਦੇ ਵਿਧਾਇਕ ਸ. ਘੁਬਾਇਆ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਪੂਰੇ ਪੰਜਾਬ ਚ ਵਿਕਾਸ ਦੇ ਕੰਮ ਤੇਜੀ ਨਾਲ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਕਮਿਉਨਿਟੀ ਹਾਲ ਬਣਨ ਨਾਲ ਪਿੰਡ ਵਾਸੀਆਂ ਨੂੰ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਇਹ ਕਮਿਉਨਿਟੀ ਹਾਲ ਗਰੀਬ ਤੇ ਲੋੜਵੰਦਾਂ ਦੇ ਸਮਾਗਮਾਂ ਅਤੇ ਮੀਟਿੰਗਾਂ ਪੱਖੋਂ ਸਹਾਈ ਸਿੱਧ ਹੋਵੇਗਾ।

ਇਸ ਮੌਕੇ ਪਿੰਡ ਦੇ ਸਰਪੰਚ ਗੁਰਜੀਤ ਸਿੰਘ ਰਾਣਾ, ਕਸ਼ਮੀਰ ਸਿੰਘ ਪੰਚ, ਅਵਤਾਰ ਸਿੰਘ ਪੰਚ, ਰਣਜੀਤ ਸਿੰਘ ਪੰਚ, ਸਵਰਣ ਕੌਰ ਪੰਚ, ਲਖਵਿੰਦਰ ਕੌਰ ਪੰਚ, ਗੁਰਪ੍ਰੀਤ ਸਿੰਘ ਮੈਂਬਰ ਸ਼ਕਾਇਤ ਨਿਵਾਰਨ ਕਮੇਟੀ ਫਾਜ਼ਿਲਕਾ, ਨੀਲਾ ਮਦਾਨ, ਸ਼ਿੰਦਾ ਨੂਰ ਸਮੰਦ, ਬੂਟਾ ਰਾਮ ਨੂਰ ਸਮੰਦ, ਨਿਸ਼ਾਨ ਸਿੰਘ, ਨਿਰਮਲ ਸਿੰਘ, ਕੁੰਦਨ ਸਿੰਘ, ਬਲਵੰਤ ਸਿੰਘ ਫ਼ੌਜੀ, ਬਲਕਾਰ ਸਿੰਘ, ਰਾਜ ਸਿੰਘ ਨੱਥੂ ਚਿਸਤੀ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।



I/89375/2020

**ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਕੱਲ ਸ਼ਾਮ ਤੱਕ 50660 ਮੀਟਰਕ ਟਨ ਝੋਨੇ ਦੀ ਹੋਈ ਖਰੀਦ-ਡਿਪਟੀ ਕਮਿਸ਼ਨਰ**

**ਅਧਿਕਾਰੀਆਂ ਨੂੰ ਨਾਲੋ-ਨਾਲ ਲਿਫਟਿੰਗ ਕਰਵਾਉਣ ਦੇ ਆਦੇਸ਼**

**ਫਾਜ਼ਿਲਕਾ 13 ਅਕਤੂਬਰ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲੇ ਦੀਆ ਮੰਡੀਆ ਵਿੱਚ ਝੋਨੇ ਦੀ ਖਰੀਦ ਦਾ ਕੰਮ ਲਗਾਤਾਰ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਵੱਖ ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 50660 ਮੀਟਰਕ ਟਨ ਝੋਨਾ ਖਰੀਦਿਆ ਜਾ ਚੁੱਕਾ ਹੈ। ਉਨਾਂ ਦੱਸਿਆ ਕਿ ਝੋਨੇ ਦੀ ਲਿਫਟਿੰਗ ਦਾ ਕੰਮ ਵੀ ਲਗਾਤਾਰ ਜੰਗੀ ਪੱਧਰ ਤੇ ਜਾਰੀ ਹੈ।

ਡਿਪਟੀ ਕਮਿਸ਼ਨਰ ਨੇ ਜ਼ਿਲੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮਾਰਕੀਟ ਕਮੇਟੀ, ਆੜਤੀ ਵੱਲੋਂ ਜਾਰੀ ਪਾਸ ਰਾਹੀਂ ਆਪਣੀ ਫਸਲ ਮੰਡੀ ਵਿੱਚ ਲਿਆਉਣ ਤਾਂ ਜੋ ਉਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ। ਉਨਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਬਿਲਕੁਲ ਸੁੱਕਾ ਝੋਨਾ ਹੀ ਮੰਡੀ ਵਿੱਚ ਲੈ ਕੇ ਆਉਣ ਤਾਂ ਜੋ ਉਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਵਾਤਾਵਰਨ ਦੀ ਸੰਭਾਲ ਲਈ ਪਰਾਲੀ ਨੂੰ ਅੱਗ ਨਾਂ ਲਗਾ ਕੇ ਆਪਣਾ ਯੋਗਦਾਨ ਪਾਉਣ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਗੁਰਪ੍ਰੀਤ ਸਿੰਘ ਕਾਂਗ ਨੇ ਦੱਸਿਆ ਕਿ ਮੰਡੀਆਂ ਵਿਚ ਝੋਨੇ ਦੀ ਕੱਲ ਸ਼ਾਮ ਤੱਕ ਹੋਈ ਖਰੀਦ ਦੇ ਅੰਕੜਿਆਂ ਮੁਤਾਬਕ ਵੱਖ ਵੱਖ ਏਜੰਸੀਆਂ ਜਿੰਨਾਂ ਵਿੱਚ ਪਨਗ੍ਰੇਨ ਨੇ 15751 ਮੀਟ੍ਰਿਕ ਟਨ, ਮਾਰਕਫੈਡ ਨੇ 18314 ਮੀਟ੍ਰਿਕ ਟਨ, ਪਨਸਪ ਨੇ 10648 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 5821 ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਨੇ 126 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਹੈ।

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਕੋਰਟ ਕੇਸਾਂ ਲਈ ਜਾਰੀ ਨਵੀਆਂ ਹਦਾਇਤਾਂ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ**

**ਹਰੇਕ ਵਿਭਾਗ ਕੋਰਟ ਕੇਸਾਂ ਦੇ ਨਿਪਟਾਰੇ ਲਈ ਆਪਣਾ ਨੋਡਲ ਅਫ਼ਸਰ ਲਗਾਏ: ਸਹਾਇਕ ਕਮਿਸ਼ਨਰ**

**ਫਾਜ਼ਿਲਕਾ, 13 ਅਕਤੂਬਰ 2020.**

ਕੋਰਟ ਕੇਸਾਂ ਲਈ ਜਾਰੀਆਂ ਗਈਆਂ ਗਈਆਂ ਨਵੀਆਂ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਸਹਾਇਕ ਕਮਿਸ਼ਨਰ ਸ. ਕੰਵਰਜੀਤ ਸਿੰਘ ਦੀ ਅਗਵਾਈ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਮੀਟਿੰਗ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਅਟਾਰਨੀ ਸ੍ਰੀ ਸੰਜੀਵ ਕੋਛੜ ਵਿਸ਼ੇਸ਼ ਤੌਰ `ਤੇ ਹਾਜ਼ਰ ਸਨ।

ਸਹਾਇਕ ਕਮਿਸ਼ਨਰ ਸ. ਕੰਵਰਜੀਤ ਸਿੰਘ ਨੇ ਦੱਸਿਆ ਕਿ ਵਿਭਾਗ ਨਾਲ ਸਬੰਧਤ ਵੱਖ-ਵੱਖ ਤਰ੍ਹਾਂ ਦੇ ਕੋਰਟ ਕੇਸਾਂ ਸਬੰਧੀ ਨਵੀਂ ਪਾਲਿਸੀ ਬਣਾਈ ਗਈ ਹੈ ਜਿਸ ਤਹਿਤ ਹਰੇਕ ਵਿਭਾਗ ਨੇ ਆਪਣਾ ਨੋਡਲ ਅਫਸਰ ਨਿਯੁਕਤ ਕਰੇਗਾ ਤਾਂ ਜੋ ਕੋਰਟ ਕੇਸਾਂ ਵਿੱਚ ਦੇਰੀ ਨਾ ਹੋਵੇ।ਉਨ੍ਹਾਂ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਸ ਨਵੀਂ ਪਾਲਿਸੀ ਤਹਿਤ ਕੋਰਟ ਕੇਸਾਂ ਨਾਲ ਨਜਿੱਠਣ ਲਈ ਕਿਹਾ। ਇਸ ਮੌਕੇ ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਵਿੱਚ ਚੱਲ ਰਹੇ ਕੋਰਟ ਕੇਸਾਂ ਸਬੰਧੀ ਜਾਣਕਾਰੀ ਵੀ ਪ੍ਰਾਪਤ ਕੀਤੀ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਅਟਾਰਨੀ ਸ੍ਰੀ ਸੰਜੀਵ ਕੋਛੜ ਨੇ ਦੱਸਿਆ ਕਿ ਜੇ ਕਿਸੇ ਸਿਵਲ ਕੇਸ ਜ਼ਿਨ੍ਹਾਂ ਵਿੱਚ ਕਿਸੇ ਵੀ ਮਹਿਕਮੇ ਨੂੰ ਸੰਮਨ ਪ੍ਰਾਪਤ ਹੰੁਦਾ ਹੈ ਤਾਂ ਜਵਾਬਦਾਵਾ 30 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰਨਾ ਹੰੁਦਾ ਹੈ। ਉਨ੍ਹਾਂ ਦੱਸਿਆ ਕਿ ਕੋਰਟ ਕੇਸਾਂ ਨਾਲ ਸਬੰਧਤ ਨੋਡਲ ਅਫਸਰ ਨੂੰ ਕੇਸ ਸਬੰਧੀ ਪੂਰੀ ਜਾਣਕਾਰੀ ਹੋਣੀ ਲਾਜ਼ਮੀ ਹੈ ਤਾਂ ਕੇਸ ਦਾ ਨਿਪਟਾਰਾ ਕਰਨ ਵਿੱਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਹੋਵੇ।ਉਨ੍ਹਾਂ ਕਿਹਾ ਕਿ ਅਦਾਲਤ ਵੱਲੋਂ ਕੀਤੇ ਗਏ ਹੁਕਮਾਂ ਦੀ ਪਾਲਣਾ ਸਬੰਧਤ ਵਿਭਾਗ ਵੱਲੋਂ ਸਮੇਂ ਸਿਰ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਕੇਸਾਂ ਵਿੱਚ ਕਾਨੂੰਨੀ ਨੁਕਤੇ ਮੌਜੂਦ ਨਹੀਂ ਹੰੁਦੇ ਉਨ੍ਹਾਂ ਕੇਸਾਂ ਨੂੰ ਲੋਕ ਅਦਾਲਤ ਵਿਚ ਲਗਵਾ ਕੇ ਕੇਸਾਂ ਦਾ ਨਿਪਟਾਰਾ ਕਰਵਾਇਆ ਜਾ ਸਕਦਾ ਹੈ।

ਇਸ ਮੌਕੇ ਤਹਿਸੀਲ ਭਲਾਈ ਅਫਸਰ ਸ੍ਰੀ ਅਸ਼ੋਕ ਕੁਮਾਰ, ਨਾਇਬ ਤਹਿਸੀਲਦਾਰ ਜਲਾਲਾਬਾਦ ਸ. ਬਦਲੇਵ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।



**I/89446/2020**

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**15 ਅਕਤੂਬਰ ਤੋਂ ਸਕੂਲ ਅਤੇ ਕੋਚਿੰਗ ਸੰਸਥਾਵਾਂ ਖੋਲਣ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ**

**ਫਾਜ਼ਿਲਕਾ, 13 ਅਕਤੂਬਰ:**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ 15 ਅਕਤੂਬਰ 2020 ਤੋਂ ਬਾਅਦ ਕੰਟੇਨਮੈਂਟ ਜ਼ੋਨਾਂ ਤੋਂ ਬਾਹਰਲੇ ਖੇਤਰਾਂ ਵਿੱਚ ਵਧੇਰੇ ਗਤੀਵਿਧੀਆਂ ਨੂੰ ਇਜਾਜ਼ਤ ਦੇਣ ਦਾ ਫੈਸਲਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਕੁਝ ਸ਼ਰਤਾਂ ਜਿਵੇਂ ਆਨ ਲਾਈਨ / ਦੂਰਵਰਤੀ ਸਿੱਖਿਆ ਨੂੰ ਤਰਜੀਹ ਦੇਣ ਅਤੇ ਉਤਸ਼ਾਹਿਤ ਕਰਨ ਤਹਿਤ ਸਕੂਲ ਅਤੇ ਕੋਚਿੰਗ ਸੰਸਥਾਵਾਂ ਖੋਲਣ ਦਾ ਫੈਸਲਾ ਲਿਆ ਗਿਆ ਹੈ।ਸਿਰਫ 9 ਵੀਂ ਤੋਂ 12 ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਆਪਣੇ ਮਾਤਾ-ਪਿਤਾ ਦੀ ਸਹਿਮਤੀ ਨਾਲ ਸਕੂਲ / ਸੰਸਥਾਵਾਂ ਵਿੱਚ ਜਾਣ ਦੀ ਆਗਿਆ ਦਿੱਤੀ ਗਈ ਹੈ।ਹਾਜ਼ਰੀ ਨੂੰ ਲਾਜ਼ਮੀ ਬਣਾਏ ਬਿਨਾਂ ਇਹ ਪੂਰੀ ਤਰਾਂ ਮਾਪਿਆਂ ਦੀ ਸਹਿਮਤੀ ’ਤੇ ਨਿਰਭਰ ਹੋਣਾ ਚਾਹੀਦਾ ਹੈ।

ਉਨਾਂ ਅੱਗੇ ਦੱਸਿਆ ਕਿ ਜਿਹੜੇ ਸਕੂਲਾਂ ਨੂੰ 15 ਅਕਤੂਬਰ ਤੋਂ ਬਾਅਦ ਖੋਲਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ ਉਨਾਂ ਨੂੰ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਨਾਲ ਸਲਾਹ ਮਸ਼ਵਰੇ ਜ਼ਰੀਏ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਕੀਤੀ ਜਾਣ ਵਾਲੀ ਐਸ.ਓ.ਪੀਜ਼ ਦੀ ਲਾਜ਼ਮੀ ਤੌਰ ’ਤੇ ਪਾਲਣਾ ਕਰਨੀ ਹੋਵੇਗੀ।ਇਸ ਤੋਂ ਇਲਾਵਾ ਪ੍ਰਯੋਗਸ਼ਾਲਾਵਾਂ/ਪ੍ਰਯੋਗਾਤਮਕ ਕਾਰਜਾਂ ਦੀ ਜ਼ਰੂਰਤ ਅਨੁਸਾਰ ਸਿਰਫ਼ ਖੋਜ ਵਿਦਵਾਨਾਂ (ਪੀ.ਐਚ.ਡੀ) ਅਤੇ ਸਾਇੰਸ ਅਤੇ ਤਕਨਾਲੋਜੀ ਸਟਰੀਮ ਦੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਲਈ ਉੱਚ ਵਿਦਿਅਕ ਸੰਸਥਾਵਾਂ 15 ਅਕਤੂਬਰ 2020 ਤੋਂ ਬਾਅਦ ਖੋਲਣ ਦੀ ਆਗਿਆ ਦਿੱਤੀ ਗਈ ਹੈ। ਕੇਂਦਰ ਤੋਂ ਫੰਡ ਪ੍ਰਾਪਤ ਉੱਚ ਸਿੱਖਿਆ ਸੰਸਥਾਵਾਂ ਸਬੰਧੀ ਸੰਸਥਾ ਦਾ ਮੁਖੀ ਪ੍ਰਯੋਗਸ਼ਾਲਾਵਾਂ / ਪ੍ਰਯੋਗਾਤਮਕ ਕਾਰਜਾਂ ਦੀ ਲੋੜ ਅਨੁਸਾਰ ਖੋਜ ਵਿਦਵਾਨਾਂ ਅਤੇ ਵਿਗਿਆਨ ਅਤੇ ਤਕਨਾਲੋਜੀ ਸਟਰੀਮ ਦੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਦੀ ਲੋੜ ਮੁਤਾਬਕ ਫੈਸਲਾ ਲਵੇਗਾ।

ਇਸ ਤੋਂ ਇਲਾਵਾ ਰਾਜ ਦੀਆਂ ਹੋਰ ਉੱਚ ਸਿੱਖਿਆ ਸੰਸਥਾਵਾਂ ਜਿਵੇਂ ਰਾਜ ਦੀਆਂ ਯੂਨੀਵਰਸਿਟੀਆਂ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਨੂੰ ਵੀ 15 ਅਕਤੂਬਰ 2020 ਤੋਂ ਪ੍ਰਯੋਗਸ਼ਾਲਾਵਾਂ/ਪ੍ਰਯੋਗਾਤਮਕ ਲੋੜਾਂ ਅਨੁਸਾਰ ਕੇਵਲ ਖੋਜ ਵਿਦਵਾਨਾਂ (ਪੀਐਚ.ਡੀ.) ਅਤੇ ਸਾਇੰਸ ਅਤੇ ਤਕਨਾਲੋਜੀ ਸਟਰੀਮ ਦੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਲਈ ਖੋਲਣ ਦੀ ਆਗਿਆ ਦਿੱਤੀ ਜਾਂਦੀ ਹੈ। ਉਨਾਂ ਦੱਸਿਆ ਕਿ ਖਿਡਾਰੀਆਂ ਲਈ ਵਰਤੇ ਜਾਂਦੇ ਤੈਰਾਕੀ ਪੂਲ ਨੂੰ ਭਾਰਤ ਸਰਕਾਰ ਦੇ ਯੁਵਕ ਮਾਮਲਿਆਂ ਅਤੇ ਖੇਡ ਮੰਤਰਾਲੇ (ਐਮ.ਓ.ਆਈ.ਏ. ਐਂਡ ਐਸ) ਦੁਆਰਾ ਜਾਰੀ ਕੀਤੇ ਜਾਣ ਵਾਲੇ ਐਸ.ਓ.ਪੀਜ਼ ਅਨੁਸਾਰ 15.10.2020 ਤੋਂ ਬਾਅਦ ਖੋਲਣ ਦੀ ਆਗਿਆ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਭਾਰਤ ਸਰਕਾਰ ਦੇ ਵਣਜ ਮੰਤਰਾਲੇ (ਐਮਓਸੀ) ਦੁਆਰਾ ਜਾਰੀ ਐਸਓਪੀਜ਼ ਅਨੁਸਾਰ 15.10.2020 ਤੋਂ ਬਿਜ਼ਨਸ ਟੂ ਬਿਜ਼ਨਸ (ਬੀ 2 ਬੀ) ਪ੍ਰਦਰਸ਼ਨੀਆਂ ਨੂੰ ਖੋਲਣ ਦੀ ਆਗਿਆ ਦਿੱਤੀ ਹੈ।

ਉਨਾਂ ਅੱਗੇ ਦੱਸਿਆ ਕਿ ਕੰਟੇਨਮੈਂਟ ਜ਼ੋਨਾਂ ਤੋਂ ਬਾਹਰ ਸਮਾਜਿਕ / ਅਕਾਦਮਿਕ / ਖੇਡਾਂ / ਮਨੋਰੰਜਨ / ਸੱਭਿਆਚਾਰਕ / ਧਾਰਮਿਕ / ਰਾਜਨੀਤਿਕ ਸਮਾਗਮ, ਜਿਨਾਂ ਵਿਚ ਵਿਆਹ ਤੇ ਸਸਕਾਰ ਅਤੇ ਹੋਰ ਸਮਾਗਮ ਸ਼ਾਮਲ ਹਨ, ਲਈ ਪਹਿਲਾਂ ਹੀ 100 ਵਿਅਕਤੀਆਂ ਦੀ ਸੀਮਾ ਨਾਲ ਆਗਿਆ ਦਿੱਤੀ ਗਈ ਹੈ। ਕੰਟੇਨਮੈਂਟ ਜ਼ੋਨਾਂ ਤੋਂ ਬਾਹਰ ਇਸ ਤਰਾਂ ਦੇ ਇਕੱਠਾਂ ਲਈ 100 ਵਿਅਕਤੀਆਂ ਦੀ ਨਿਰਧਾਰਤ ਸੀਮਾ ਤੋਂ ਵੱਧ ਇਕੱਠ ਕਰਨ ਦੀ ਆਗਿਆ ਕੁਝ ਸ਼ਰਤਾਂ ਅਧੀਨ

15.10.2020 ਤੋਂ ਹੋਵੇਗੀ ਜਿਵੇਂ ਕਿ ਬੰਦ ਥਾਵਾਂ ਵਿੱਚ 200 ਵਿਅਕਤੀਆਂ ਦੀ ਸੀਮਾ ਦੇ ਨਾਲ ਹਾਲ ਦੀ ਵੱਧ ਤੋਂ ਵੱਧ 50% ਸਮਰੱਥਾ ਦੀ ਆਗਿਆ ਹੈ। ਮਾਸਕ ਪਹਿਨਣਾ, ਸਮਾਜਿਕ ਦੂਰੀ ਬਣਾ ਕੇ ਰੱਖਣਾ, ਥਰਮਲ ਸਕੈਨਿੰਗ ਦੀ ਵਿਵਸਥਾ ਅਤੇ ਸੈਨੇਟਾਈਜ਼ਰ ਦੀ ਵਰਤੋਂ ਲਾਜ਼ਮੀ ਹੋਵੇਗੀ।

ਉਨਾਂ ਦੱਸਿਆ ਕਿ ਖੁੱਲੀਆਂ ਥਾਵਾਂ, ਜ਼ਮੀਨ / ਜਗਾ ਦੇ ਅਕਾਰ ਨੂੰ ਧਿਆਨ ਵਿਚ ਰੱਖਦਿਆਂ ਜ਼ਿਲਾ ਮੈਜਿਸਟਰੇਟ ਦੀ ਆਗਿਆ ਅਤੇ ਸਮਾਜਿਕ ਦੂਰੀ ਬਣਾਏ ਰੱਖਣ, ਲਾਜ਼ਮੀ ਮਾਸਕ ਪਾਉਣ, ਥਰਮਲ ਸਕੈਨਿੰਗ ਦੀ ਵਿਵਸਥਾ ਅਤੇ ਸੈਨੇਟਾਈਜ਼ਰ ਦੀ ਵਰਤੋਂ ਦੇ ਨੇਮਾਂ ਦੀ ਸਖ਼ਤੀ ਨਾਲ ਪਾਲਣਾ ਨਾਲ ਇਸ ਤਰਾਂ ਦੇ ਇਕੱਠਾਂ ਦੀ ਆਗਿਆ ਹੋਵੇਗੀ। ਇਸ ਲਈ ਸਿਰਫ ਮਨੋਰੰਜਨ ਦੇ ਸਮਾਗਮਾਂ ਲਈ 100 ਵਿਅਕਤੀਆਂ ਤੋਂ ਵੱਧ ਦੇ ਇਕੱਠ ਦੀ ਇਜ਼ਾਜ਼ਤ ਨਹੀਂ ਹੋਵੇਗੀ।

**I/89449/2020**

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**2379 ਵਿਅਕਤੀਆਂ ਨੇ ਕੋਰੋਨਾ ਵਾਇਰਸ ਨੂੰ ਮਾਤ ਦਿੰਦਿਆਂ ਹਾਸਲ ਕੀਤੀ ਸਿਹਤਯਾਬੀ-ਡਿਪਟੀ ਕਮਿਸ਼ਨਰ**

**42323 ਵਿਅਕਤੀਆਂ ਦੀ ਕੀਤੀ ਗਈ ਜਾਂਚ**

**ਫਾਜ਼ਿਲਕਾ 13 ਅਕਤੂਬਰ:**

ਜ਼ਿਲਾ ਫਾਜ਼ਿਲਕਾ ਨਾਲ ਸਬੰਧਿਤ ਹੁਣ ਤੱਕ ਕੋਰੋਨਾ ਵਾਇਰਸ ਤੋਂ ਪੀੜਤ 2379 ਵਿਅਕਤੀ ਕੋਰੋਨਾ ਵਾਇਰਸ ਨੂੰ ਮਾਤ ਦਿੰਦਿਆਂ ਸਿਹਤਯਾਬੀ ਹਾਸਲ ਕਰ ਚੁੱਕੇ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲੇ ਵਿਚ ਹੁਣ ਤੱਕ 42323 ਵਿਅਕਤੀਆਂ ਦੀ ਕੋਰੋਨਾ ਜਾਂਚ ਕੀਤੀ ਗਈ ਹੈ, ਜਿਨਾਂ ਵਿਚੋਂ 39036 ਵਿਅਕਤੀਆਂ ਦੀ ਰਿਪੋਰਟ ਨੈਗੇਟਿਵ ਆਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਮੇਂ ਜ਼ਿਲੇ ਵਿੱਚ ਕੋਵਿਡ-19 ਦੇ 316 ਕੇਸ ਐਕਟਿਵ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ 45 ਜਣਿਆਂ ਦੀ ਮੌਤ ਹੋਈ ਹੈ। ਉਹਨਾਂ ਦੱਸਿਆ ਕਿ 2740 ਵਿਅਕਤੀ ਕੋਰੋਨਾ ਤੋਂ ਪੀੜਤ ਪਾਏ ਗਏ ਹਨ, ਜਦਕਿ 89 ਵਿਅਕਤੀਆਂ ਦੀ ਰਿਪੋਰਟ ਆਉਣੀ ਅਜੇ ਬਾਕੀ ਹੈ।ਉਨ੍ਹਾ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਮਾਸਕ ਜਰੂਰ ਪਾਇਆ ਜਾਵੇ, ਸਮਾਜਿਕ ਦੂਰੀ ਬਰਕਰਾਰ ਰੱਖੀ ਜਾਵੇ ਅਤੇ ਹੱਥਾਂ ਨੂੰ ਵਾਰ-ਵਾਰ ਧੋਤਾ ਦਿੱਤਾ ਜਾਵੇ।